# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 16-09-2025**

**<u>ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ</u>**

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਨਵੀਂ ਦਿੱਲੀ ਵਿੱਚ ਨਸ਼ਿਆਂ ਵਿਰੋਧੀ ਕਾਰਜ ਬਲ ਦੇ ਦੂਜੇ ਰਾਸ਼ਟਰੀ ਸੰਮੇਲਨ ਦਾ ਕੀਤਾ ਉਦਘਾਟਨ ।
- ਕੇਂਦਰੀ ਰਾਜ ਮੰਤਰੀਆਂ ਡਾ. ਪੇਮਾਸਨੀ ਚੰਦਰ ਸ਼ੇਖਰ ਅਤੇ ਬਾਗੀਰਥ ਚੌਧਰੀ ਨੇ ਕਪੂਰਥਲਾ ਅਤੇ ਤਰਨਤਾਰਨ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਦੌਰਾ-ਕਿਹਾ ਕੇਂਦਰ ਸਰਕਾਰ ਇਸ ਮੁਸ਼ਕਲ ਸਮੇਂ ਵਿੱਚ ਪੰਜਾਬ ਦੇ ਲੋਕਾਂ ਨਾਲ ਖੜੀ ਏ।
- ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ ਸਿਨਹਾ ਵੱਲੋਂ, ਡਿਪਟੀ ਕਮਿਸ਼ਨਰਾਂ ਅਤੇ ਨਗਰ ਨਿਗਮ ਕਮਿਸ਼ਨਰਾਂ ਨੂੰ ਆਉਂਦੀ ਜਨਗਣਨਾ ਲਈ ਸੁਚਾਰੂ ਤਿਆਰੀਆਂ ਯਕੀਨੀ ਬਣਾਉਣ ਦੇ ਨਿਰਦੇਸ਼।

- ਪੰਜਾਬ ਪੁਲਿਸ ਨੇ 5-ਜੀ ਟੈਲੀਕਾਮ ਸਬੰਧੀ ਚੋਰੀਆਂ 'ਤੇ ਸਖ਼ਤ ਕਾਰਵਾਈ ਕਰਦਿਆਂ 61 ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ ।
- ਧਰਤੀ 'ਤੇ ਜੀਵਨ ਰੱਖਿਆ ਵਿੱਚ ਓਜ਼ੋਨ ਪਰਤ ਦੀ ਮਹੱਤਵਪੂਰਨ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਅੱਜ ਵਿਸ਼ਵ ਓਜ਼ੋਨ ਦਿਵਸ ਮਨਾਇਆ ਜਾ ਰਿਹਾ ਏ।
- ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਅਤੇ ਰੱਖਿਆ ਮੰਤਰੀ ਨੇ ਆਨੰਦ-ਕੁਮਾਰ ਵੇਲ-ਕੁਮਾਰ ਨੂੰ, ਚੀਨ ਵਿੱਚ ਸਪੀਡ ਸਕੇਟਿੰਗ ਵਿਸ਼ਵ ਚੈਂਪੀਅਨਸ਼ਿਪ 2025 ਵਿੱਚ, ਸੀਨੀਅਰ ਮਰਦਾਂ ਦੀ 1000 ਮੀਟਰ ਸਪ੍ਰਿੰਟ ਈਵੈਂਟ ਵਿੱਚ ਸੋਨੇ ਦਾ ਤਮਗਾ ਜਿੱਤਣ ਲਈ ਵਧਾਈ ਦਿੱਤੀ।

## ਹੁਣ ਖਬਰਾਂ ਵਿਸਥਾਰ ਨਾਲ....

ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ ਨਸ਼ਿਆਂ ਵਿਰੋਧੀ ਕਾਰਜ ਬਲ ਦੇ ਦੂਜੇ ਰਾਸ਼ਟਰੀ ਸੰਮੇਲਨ ਦਾ ਉਦਘਾਟਨ ਕੀਤਾ। 36 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ ਨਸ਼ਿਆਂ ਵਿਰੋਧੀ ਕਾਰਜ ਬਲ ਦੇ ਮੁਖੀਆਂ ਤੋਂ ਇਲਾਵਾ, ਹੋਰ ਸਰਕਾਰੀ ਵਿਭਾਗਾਂ ਦੇ ਹਿੱਸੇਦਾਰ ਵੀ ਕਾਨਫਰੰਸ ਵਿੱਚ ਸ਼ਾਮਲ ਹੋ ਰਹੇ ਨੇ । ਦੋ ਦਿਨਾਂ ਕਾਨਫਰੰਸ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਨਸ਼ਾ ਮੁਕਤ ਭਾਰਤ ਪ੍ਰਤੀ ਵਚਨਬੱਧਤਾ ਨੂੰ

ਮਜ਼ਬੂਤ ਕਰਨ ਅਤੇ ਇਸ ਟੀਚੇ ਨੂੰ ਪ੍ਰਾਪਤ ਕਰਨ ਲਈ ਇੱਕ ਖਾਕਾ ਤਿਆਰ ਕਰਨ ਲਈ ਇੱਕ ਰਣਨੀਤਕ ਮੰਚ ਵਜੋਂ ਕੰਮ ਕਰੇਗੀ। ਇਸ ਮੌਕੇ ਬੋਲਦਿਆਂ, ਅਮਿਤ ਸ਼ਾਹ ਨੇ ਦੱਸਿਆ ਕਿ ਨਸ਼ਾ ਮੁਕਤ ਭਾਰਤ ਮੁਹਿੰਮ ਇਸ ਸਮੇਂ ਦੇਸ਼ ਭਰ ਦੇ 372 ਜ਼ਿਲ੍ਹਿਆਂ ਵਿੱਚ ਆਯੋਜਿਤ ਕੀਤੀ ਜਾ ਰਹੀ ਏ।

BYTE

ਅਮਿਤ ਸ਼ਾਹ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਉਦੋਂ ਹੀ ਸਫਲ ਹੋ ਸਕਦੀ ਏ ਜਦੋਂ ਕੇਂਦਰ ਅਤੇ ਰਾਜ ਸਰਕਾਰਾਂ ਦੇ ਸਾਰੇ ਵਿਭਾਗ ਇੱਕੋ ਦਿਸ਼ਾ ਵਿੱਚ ਅੱਗੇ ਵਧਦੇ ਹੋਏ ਇਕੱਠੇ ਕੰਮ ਕਰਨ। ਇਸ ਮੌਕੇ 'ਤੇ, ਗ੍ਰਹਿ ਮੰਤਰੀ ਨੇ ਨਾਰਕੋਟਿਕਸ ਕੰਟਰੋਲ ਬਿਊਰੋ ਦੀ ਸਾਲਾਨਾ ਰਿਪੋਰਟ- 2024 ਜਾਰੀ ਕੀਤੀ ਅਤੇ ਔਨਲਾਈਨ ਡਰੱਗ ਡਿਸਪੋਜ਼ਲ ਮੁਹਿੰਮ ਦੀ ਸ਼ੁਰੂਆਤ ਕੀਤੀ। ਕਾਨਫਰੰਸ ਦੌਰਾਨ, ਅੱਠ ਤਕਨੀਕੀ ਸੈਸ਼ਨ ਆਯੋਜਿਤ ਕੀਤੇ ਜਾਣਗੇ ਜਿਨ੍ਹਾਂ ਵਿੱਚ ਡਰੱਗ ਫ੍ਰੀ ਇੰਡੀਆ @2047, ਜਾਂਚ ਅਤੇ ਟ੍ਰਾਇਲਾਂ ਵਿੱਚ ਪ੍ਰਭਾਵਸ਼ੀਲਤਾ ਵਿੱਚ ਸੁਧਾਰ, ਅਤੇ ਨੈੱਟਵਰਕ ਲਿੰਕੇਜ ਅਤੇ ਕਾਰਟੇਲ ਨੂੰ ਖਤਮ ਕਰਨਾ ਸ਼ਾਮਲ ਏ। ਕਾਨਫਰੰਸ ਦਾ ਵਿਸ਼ਾ ਸੰਯੁਕਤ ਸੰਕਲਪ, ਸਾਂਝੀ ਜ਼ਿੰਮੇਵਾਰੀ ਰੱਖਿਆ ਗਿਆ ਏ।

---------------------------------------------------------------------------

ਕੇਂਦਰੀ ਸੰਚਾਰ ਅਤੇ ਪੇਂਡੂ ਵਿਕਾਸ ਰਾਜ ਮੰਤਰੀ ਡਾ. ਚੰਦਰ ਸ਼ੇਖਰ ਪੇਮਾ-ਸਨੀ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਪੰਜਾਬ ਦਾ ਦੋ ਦਿਨਾਂ ਦੌਰਾ ਕੀਤਾ। ਆਪਣੇ ਦੌਰੇ ਦੇ ਦੂਜੇ ਦਿਨ ਡਾ. ਪੇਮਾਸਾਨੀ ਨੇ ਸੀਨੀਅਰ ਅਧਿਕਾਰੀਆਂ ਨਾਲ ਮਿਲ ਕੇ ਕਪੂਰਥਲਾ ਜ਼ਿਲ੍ਹੇ ਵਿੱਚ ਹੜ੍ਹਾਂ ਦੀ ਸਥਿਤੀ ਅਤੇ ਰਾਹਤ ਕਾਰਜਾਂ ਦੀ ਸਮੀਖਿਆ ਕੀਤੀ ਸੁਲਤਾਨਪੁਰ ਲੋਧੀ 'ਤੇ ਵਿਸ਼ੇਸ਼ ਤੌਰ 'ਤੇ  ਧਿਆਨ ਕੇਂਦਰਿਤ ਕੀਤਾ ਗਿਆ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਕੋਈ ਵੀ ਸ਼ਿਕਾਇਤ ਅਣਸੁਣੀ ਨਹੀਂ ਰਹਿਣੀ ਚਾਹੀਦੀ ਅਤੇ ਪ੍ਰਭਾਵਿਤ ਪਰਿਵਾਰਾਂ ਨੂੰ ਪੂਰੀ ਸਹਾਇਤਾ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਪੰਜਾਬ ਵਿੱਚ ਰਾਹਤ ਅਤੇ ਮੁਸਵਸੇਬੇ ਦੇ ਯਤਨਾਂ ਨੂੰ ਸਭ ਤੋਂ ਵੱਧ ਤਰਜੀਹ ਦਿੰਦੀ ਏ। ਉਨ੍ਹਾਂ ਨੇ ਸੁਲਤਾਨਪੁਰ ਲੋਧੀ ਦੇ ਨਜ਼ਦੀਕੀ ਪਿੰਡਾਂ ਚੱਕ ਪੱਟੀ, ਬਾਊਪੁਰ ਸਮੇਤ ਕਈ ਹੜ੍ਹ ਪ੍ਰਭਾਵਿਤ ਖੇਤਰਾਂ ਦਾ ਜਾਇਜ਼ਾ ਲਿਆ। ਡਾ. ਚੰਦਰ ਸ਼ੇਖਰ ਨੇ ਫ਼ਸਲਾਂ ਦੇ ਵਿਆਪਕ ਨੁਕਸਾਨ 'ਤੇ ਦੁੱਖ ਪ੍ਰਗਟ ਕੀਤਾ ਅਤੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਸਰਕਾਰ ਪੰਜਾਬ ਦੇ ਲੋਕਾਂ ਨਾਲ ਮਜ਼ਬੂਤੀ ਨਾਲ ਖੜ੍ਹੀ ਏ।

BYTE

ਰਾਜ ਮੰਤਰੀ ਇਸ ਮਗਰੋਂ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਵੀ ਹੋਏ।  ਉਨ੍ਹਾਂ  ਸਰਬੱਤ ਦੇ ਭਲੇ ਲਈ ਅਰਦਾਸ

ਕੀਤੀ। ਓਧਰ ਕੇਂਦਰੀ ਕਿਸਾਨ ਰਾਜ ਮੰਤਰੀ ਬਾਗੀਰਥ ਚੌਧਰੀ ਨੇ ਵੀ ਤਰਨਤਾਰਨ ਜ਼ਿਲੇ ਵਿੱਚ ਹੜ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ ਤੇ ਹਾਲਾਤ ਦਾ ਜਾਇਜ਼ਾ ਲਿਆ। ਓਹਨਾ ਲੋਕਾਂ ਨੂੰ ਊਨਾ ਦੇ ਨੁਕਸਾਨ ਦਾ ਭਰੋਸਾ ਵੀ ਦਵਾਇਆ।

BYTE

---------------------------------------------------------------------------

ਸੂਬੇ ਵਿੱਚ ਆਉਂਦੀ  ਜਨਗਣਨਾ ਸਬੰਧੀ ਕਾਰਜਾਂ ਦੀ ਸਮੀਖਿਆ ਅਤੇ ਤਿਆਰੀਆਂ ਨੂੰ ਸੁਚਾਰੂ ਬਣਾਉਣ ਦੇ ਉਦੇਸ਼ ਨਾਲ ਪੰਜਾਬ ਦੀ ਸੂਬਾ ਪੱਧਰੀ ਜਨਗਣਨਾ ਤਾਲਮੇਲ ਕਮੇਟੀ ਵੱਲੋਂ ਅੱਜ ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਦੀ ਪ੍ਰਧਾਨਗੀ ਹੇਠ ਮੀਟਿੰਗ ਬੁਲਾਈ ਗਈ।

ਮੁੱਖ ਸਕੱਤਰ ਨੇ ਜਨਗਣਨਾ ਸਬੰਧੀ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਡਿਪਟੀ ਕਮਿਸ਼ਨਰਾਂ ਅਤੇ ਨਗਰ ਨਿਗਮ ਕਮਿਸ਼ਨਰਾਂ ਦੇ ਪੂਰੇ ਸਹਿਯੋਗ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਡਿਪਟੀ ਕਮਿਸ਼ਨਰਾਂ ਨੂੰ ਅਧਿਕਾਰ ਖੇਤਰ ਸਬੰਧੀ ਰੂਪ-ਰੇਖਾ ਨੂੰ ਅੰਤਿਮ ਰੂਪ ਦੇਣ ਅਤੇ ਪ੍ਰਭਾਵਸ਼ਾਲੀ ਨਿਗਰਾਨੀ ਲਈ ਜ਼ਿਲ੍ਹਾ ਅਤੇ ਨਿਗਮ ਪੱਧਰ 'ਤੇ ਸਮਰਪਿਤ ਜਨਗਣਨਾ ਸੈੱਲ ਸਥਾਪਤ ਕਰਨ ਦੇ ਨਿਰਦੇਸ਼ ਦਿੱਤੇ। ਮੁੱਖ ਸਕੱਤਰ ਨੇ ਡਾਇਰੈਕਟੋਰੇਟ ਜਨਗਣਨਾ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਸਖ਼ਤੀ ਨਾਲ ਪਾਲਣਾ ਕਰਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ 31

ਦਸੰਬਰ ਤੱਕ ਪ੍ਰਬੰਧਕੀ ਹੱਦ ਨੂੰ ਅੰਤਿਮ ਰੂਪ ਦਿੱਤਾ ਜਾਣਾ ਚਾਹੀਦਾ ਏ। ਸਥਾਨਕ ਸਰਕਾਰਾਂ ਵਿਭਾਗ ਦੇ ਵਧੀਕ ਮੁੱਖ ਸਕੱਤਰ ਨੂੰ ਸੂਬੇ ਵਿੱਚ ਜਨਗਣਨਾ ਨਾਲ ਸਬੰਧਤ ਗਤੀਵਿਧੀਆਂ ਲਈ ਨੋਡਲ ਅਫਸਰ ਨਾਮਜ਼ਦ ਕੀਤਾ ਗਿਆ ਏ। ਪੰਜਾਬ ਸਿਵਲ ਸਕੱਤਰੇਤ ਵਿਖੇ ਹੋਈ ਮੀਟਿੰਗ ਦੌਰਾਨ ਸਥਾਨਕ ਸਰਕਾਰਾਂ, ਮਾਲ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਯੋਜਨਾਬੰਦੀ, ਵਿੱਤ ਅਤੇ ਸਕੂਲ ਸਿੱਖਿਆ ਵਿਭਾਗਾਂ ਦੇ ਵਧੀਕ ਮੁੱਖ ਸਕੱਤਰਾਂ ਅਤੇ ਪ੍ਰਮੁੱਖ ਸਕੱਤਰਾਂ ਸਮੇਤ ਸੀਨੀਅਰ ਅਧਿਕਾਰੀ ਮੌਜੂਦ ਸਨ। ਇਸ ਤੋਂ ਇਲਾਵਾ ਡਿਪਟੀ ਕਮਿਸ਼ਨਰਾਂ ਅਤੇ ਨਗਰ ਨਿਗਮ ਕਮਿਸ਼ਨਰਾਂ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਇਸ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲਿਆ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਦੀ ਫਸੀਲ ਤੋਂ,ਦੀਵਾਲੀ ਤੱਕ GST ਸੁਧਾਰਾਂ ਦੀ ਅਗਲੀ ਪੀੜ੍ਹੀ ਦਾ ਐਲਾਨ ਕੀਤਾ ਸੀ। ਉਨ੍ਹਾਂ ਦਾ ਸੁਪਨਾ ਉਦੋਂ ਸਾਕਾਰ ਹੋਇਆ ਜਦੋਂ 3 ਸਤੰਬਰ ਨੂੰ, GST ਕੌਂਸਲ ਨੇ ਦਰਾਂ ਨੂੰ ਤਰਕਸੰਗਤ ਬਣਾਉਣ, ਕਈ ਖੇਤਰਾਂ ਵਿੱਚ ਟੈਕਸ ਦਰਾਂ ਘਟਾਉਣ ਅਤੇ ਨਾਗਰਿਕਾਂ ਲਈ ਜੀਵਨ ਨੂੰ ਆਸਾਨ ਬਣਾਉਣ ਨੂੰ ਮਨਜ਼ੂਰੀ ਦੇ ਦਿੱਤੀ. ਅੱਜਅ ਅਸੀਂ ਖੇਤੀਬਾੜੀ

## ਸੈਕਟਰ, ਖਾਸ ਕਰ ਕੇ ਟਰੈਕਟਰਾਂ ਬਾਰੇ ਸੁਧਾਰਾਂ ਬਾਰੇ ਗੱਲ ਕਰਦੇ ਹਾਂ -

## ਇਕ ਰਿਪੋਰਟ

ਅਗਲੀ ਪੀੜ੍ਹੀ ਦੇ GST ਸੁਧਾਰਾਂ ਨਾਲ, ਸਰਕਾਰ ਨੇ ਟਰੈਕਟਰਾਂ ਅਤੇ ਇਸਦੇ ਹਿੱਸੇ – ਪੁਰਜ਼ਿਆਂ 'ਤੇ ਟੈਕਸ ਘਟਾ ਕੇ ਕਿਸਾਨਾਂ ਨੂੰ ਵੱਡੀ ਰਾਹਤ ਦਿੱਤੀ ਏ। ਸਰਕਾਰ ਨੇ ਟਰੈਕਟਰਾਂ, ਵਾਢੀ ਮਸ਼ੀਨਰੀ ਅਤੇ ਖਾਦ ਬਣਾਉਣ ਵਾਲੀਆਂ ਮਸ਼ੀਨਾਂ ਵਰਗੇ ਖੇਤੀਬਾੜੀ ਉਪਕਰਣਾਂ 'ਤੇ GST ਨੂੰ 12 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਏ ਜੋ ਖੇਤੀਬਾੜੀ ਖੇਤਰ ਵਿੱਚ ਇੱਕ ਮਹੱਤਵਪੂਰਨ ਕਦਮ ਏ। ਜਦੋਂ ਕਿ ਟਰੈਕਟਰ ਦੇ ਹਿੱਸੇ – ਪੁਰਜ਼ਿਆਂ 'ਤੇ GST ਨੂੰ 18 ਫੀਸਦੀ ਤੋਂ ਘਟਾ ਕੇ 5 ਫੀਸਦੀ ਕਰ ਦਿੱਤਾ ਗਿਆ ਏ।

ਆਕਾਸ਼ਵਾਣੀ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਕਿਸਾਨ ਨੇ GST ਸੁਧਾਰਾਂ ਦਾ ਸਵਾਗਤ ਕੀਤਾ ਅਤੇ ਕਿਹਾ ਕਿ ਇਹ ਕਦਮ ਆਧੁਨਿਕ ਖੇਤੀਬਾੜੀ ਉਪਕਰਣਾਂ ਨੂੰ ਅਪਣਾਉਣ ਨੂੰ ਉਤਸ਼ਾਹਿਤ ਕਰੇਗਾ

[BYTE- ਐਜਾਜ਼ ਅਹਿਮਦ]

ਇਹ GST ਸੁਧਾਰ ਜ਼ਰੂਰੀ ਉਪਕਰਣਾਂ ਦੀ ਲਾਗਤ ਘਟਾ ਕੇ ਕਿਸਾਨਾਂ 'ਤੇ ਮਾਲੀ ਬੋਝ ਨੂੰ ਘੱਟ ਕਰਨਗੇ ਅਤੇ ਖੇਤੀਬਾੜੀ ਉਤਪਾਦਕਤਾ ਨੂੰ ਵਧਾਉਣ ਵਿੱਚ ਵੀ ਮਦਦ ਕਰਨਗੇ। ਨਵੀਆਂ ਟੈਕਸ ਦਰਾਂ ਇਸ ਮਹੀਨੇ ਦੀ 22 ਤਰੀਕ ਤੋਂ ਲਾਗੂ ਹੋਣਗੀਆਂ।

---------------------------------------------------------------------------------

## 5-ਜੀ ਟੈਲੀਕਾਮ ਬੁਨਿਆਦੀ ਢਾਂਚਿਆਂ ਦੀਆਂ ਹੋ ਰਹੀਆਂ ਚੋਰੀਆਂ 'ਤੇ ਵੱਡੀ ਕਾਰਵਾਈ ਕਰਦਿਆਂ ਪੰਜਾਬ ਪੁਲਿਸ ਨੇ ਸੂਬੇ ਭਰ ਵਿੱਚ 61 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ 95 ਮਾਮਲੇ ਦਰਜ ਕੀਤੇ ਨੇ ਜਿਸ ਨਾਲ ਦੂਰਸੰਚਾਰ ਸੇਵਾਵਾਂ ਵਿੱਚ ਵਿਆਪਕ ਰੁਕਾਵਟ ਨੂੰ ਦੂਰ ਕੀਤਾ ਗਿਆ ਏ।

ਉੱਚ-ਮੁੱਲ ਵਾਲੇ 5ਜੀ ਬੁਨਿਆਦੀ ਢਾਂਚੇ ਨਾਲ ਸਬੰਧਤ ਚੋਰੀਆਂ ਦੀਆਂ ਰਿਪੋਰਟਾਂ ਮਗਰੋਂ ਪੰਜਾਬ ਪ[ਉਲਿਸ ਮੁਖੀ ਗੌਰਵ ਯਾਦਵ ਦੇ ਹੁਕਮਾਂ 'ਤੇ ਇੱਕ ਵਿਸ਼ੇਸ਼ ਜਾਂਚ ਟੀਮ SIT ਦਾ ਗਠਨ ਕੀਤਾ ਗਿਆ। SIT ਨੇ ਦੋਸ਼ੀਆਂ ਨੂੰ ਫੜਨ ਅਤੇ ਚੋਰੀ ਹੋਏ ਉਪਕਰਣਾਂ ਦੀ ਬਰਾਮਦਗੀ ਲਈ ਜ਼ਿਲ੍ਹਾ ਪੁਲਿਸ ਇਕਾਈਆਂ ਨਾਲ ਨੇੜਿਓਂ ਤਾਲਮੇਲ ਕੀਤਾ। SIT ਦੇ ਚੇਅਰਮੈਨ ਡੀ.ਆਈ.ਜੀ ਰਾਜਪਾਲ ਸੰਧੂ ਨੇ ਕਿਹਾ ਕਿ ਮੁਲਜ਼ਮਾਂ ਵੱਲੋਂ ਖਾਸ ਤੌਰ 'ਤੇ ਉੱਚ-ਮੁੱਲ ਵਾਲੇ ਬੇਸ ਬੈਂਡ ਯੂਨਿਟਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਚੋਰੀ ਦੀ ਪੂਰੀ ਕਾਰਵਾਈ ਦੋ ਮਿੰਟਾਂ ਤੋਂ ਵੀ ਘੱਟ ਸਮੇਂ ਵਿੱਚ ਕੀਤੀ ਜਾ ਰਹੀ ਸੀ, ਜਿਸ ਤੋਂ ਬਾਅਦ ਦੋਸ਼ੀ ਮੌਕੇ ਤੋਂ ਫਰਾਰ ਹੋ ਜਾਂਦੇ ਸਨ। ਮਾਮਲੇ ਦੀ ਅਗਲੇਰੀ ਜਾਂਚ ਜਾਰੀ ਏ।

--------------------------------------------------------------------------------

ਅੱਜ ਵਿਸ਼ਵ ਓਜ਼ੋਨ ਦਿਵਸ ਏ। ਇਹ ਦਿਨ ਧਰਤੀ 'ਤੇ ਜੀਵਨ ਦੀ ਰੱਖਿਆ ਵਿੱਚ ਓਜ਼ੋਨ ਪਰਤ ਦੀ ਮਹੱਤਵਪੂਰਨ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਸਮਰਪਿਤ ਏ | ਓਜ਼ੋਨ ਨੂੰ "ਧਰਤੀ ਦੀ ਛਤਰੀ" ਵੀ ਕਿਹਾ ਜਾਂਦਾ ਏ। ਸਟ੍ਰੈਟੋ-ਸਫੀਅਰ ਵਿੱਚ ਮੌਜੂਦ ਓਜ਼ੋਨ ਪਰਤ ਸੂਰਜ ਤੋਂ ਆਉਣ ਵਾਲੀਆਂ ਹਾਨੀਕਾਰਕ ਅਲਟਰਾ-ਵਾਇਲਟ ਕਿਰਨਾਂ ਨੂੰ ਸੋਖ ਕੇ ਇੱਕ ਸੁਰੱਖਿਆ ਢਾਲ ਵਜੋਂ ਕੰਮ ਕਰਦੀ ਏ। ਇਹ ਚਮੜੀ ਦੇ ਕੈਂਸਰ, ਮੋਤੀਆਬਿੰਦ ਅਤੇ ਹੋਰ ਬਿਮਾਰੀਆਂ ਦੇ ਜੋਖਮ ਨੂੰ

ਰੋਕਦੀ ਹੈ। ਚਾਲੀ ਸਾਲ ਪਹਿਲਾਂ, ਬਹੁਤ ਸਾਰੇ ਦੇਸ਼ ਓਜ਼ੋਨ ਪਰਤ ਦੀ ਸੁਰੱਖਿਆ ਲਈ ਵਿਯੇਨਾ ਕਨਵੈਨਸ਼ਨ ਦੇ ਤਹਿਤ ਇਕੱਠੇ ਹੋਏ ਸਨ। ਇਹ ਇੱਕ ਬੇਮਿਸਾਲ ਸਮਝੌਤਾ ਸੀ ਜਿਸਨੇ ਓਜ਼ੋਨ ਦੀ ਰੱਖਿਆ ਲਈ ਇੱਕ ਵਿਸ਼ਵਵਿਆਪੀ ਵਚਨਬੱਧਤਾ ਦੀ ਸ਼ੁਰੂਆਤ ਕੀਤੀ। ਇਸ ਸਾਲ ਓਜ਼ੋਨ ਦਿਵਸ ਦਾ ਵਿਸ਼ਾ "ਵਿਗਿਆਨ ਤੋਂ ਆਲਮੀ ਕਾਰਵਾਈ  ਤੱਕ ਰੱਖਿਆ ਗਿਆ ਏ । ਇਸ ਵਿਸ਼ਵ ਓਜ਼ੋਨ ਦਿਵਸ 'ਤੇ, ਆਓ ਆਪਾਂ ਓਜ਼ੋਨ ਪਰਤ ਦੀ ਰੱਖਿਆ ਲਈ ਇਕੱਠੇ ਹੋਈਏ ਅਤੇ ਇੱਕ ਪਾਏਦਾਰ ਭਵਿੱਖ ਦਾ ਨਿਰਮਾਣ ਕਰੀਏ ਜਿੱਥੇ ਧਰਤੀ 'ਤੇ ਜੀਵਨ ਆਉਣ ਵਾਲੀਆਂ ਪੀੜ੍ਹੀਆਂ ਲਈ ਵਧੇਰੇ ਆਰਾਮਦਾਇਕ ਹੋ ਸਕੇ।

--------------------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਆਨੰਦਕੁਮਾਰ ਵੇਲਕੁਮਾਰ ਨੂੰ ਚੀਨ ਵਿੱਚ ਸਪੀਡ ਸਕੇਟਿੰਗ ਵਿਸ਼ਵ ਚੈਂਪੀਅਨਸ਼ਿਪ 2025 ਵਿੱਚ ਸੀਨੀਅਰ ਮਰਦਾਂ ਦੀ 1000 ਮੀਟਰ ਸਪ੍ਰਿੰਟ ਈਵੈਂਟ ਵਿੱਚ ਸੋਨੇ ਦਾ ਤਮਗਾ  ਜਿੱਤਣ ਲਈ ਵਧਾਈ ਦਿੱਤੀ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਲਿਖਿਆ, ਆਨੰਦਕੁਮਾਰ ਵੇਲਕੁਮਾਰ ਦੀ ਹਿੰਮਤ, ਗਤੀ ਅਤੇ ਭਾਵਨਾ ਨੇ ਉਸਨੂੰ ਸਕੇਟਿੰਗ ਵਿੱਚ ਭਾਰਤ ਦਾ ਪਹਿਲਾ ਵਿਸ਼ਵ ਚੈਂਪੀਅਨ ਬਣਾਇਆ ਏ । ਸ਼੍ਰੀ ਮੋਦੀ ਨੇ ਕਿਹਾ ਕਿ ਉਸਦੀ

ਪ੍ਰਾਪਤੀ ਅਣਗਿਣਤ ਨੌਜਵਾਨਾਂ ਨੂੰ ਪ੍ਰੇਰਿਤ ਕਰੇਗੀ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਕਿ ਸ੍ਰੀ ਵੇਲਕੁਮਾਰ ਨੇ ਆਪਣੇ ਹੁਨਰ ਤੇ ਚੁਸਤੀ ਨਾਲ ਅਣਗਿਣਤ ਐਥਲੀਟਾਂ ਲਈ ਇੱਕ ਪ੍ਰੇਰਨਾਦਾਇਕ ਉਦਾਹਰਣ ਕਾਇਮ ਕੀਤੀ ਏ , ਭਾਰਤ ਦੇ ਪਹਿਲੇ ਸੋਨ ਤਮਗੇ ਜਿੱਤਣ 'ਤੇ ਆਪਣੀਆਂ ਸ਼ੁਭਕਾਮਨਾਵਾਂ ਜੋੜੀਆਂ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਕਿ ਆਨੰਦਕੁਮਾਰ ਵੇਲਕੁਮਾਰ ਨੇ ਇੱਕ ਅਸਾਧਾਰਨ ਸਮੇਂ ਨਾਲ ਖਿਤਾਬ ਜਿੱਤ ਕੇ ਦੇਸ਼ ਨੂੰ ਬਹੁਤ ਮਾਣ ਦਿਵਾਇਆ ਏ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਸਿੰਘ ਨੇ ਕਿਹਾ ਕਿ ਉਸਦੀ ਜਿੱਤ ਭਾਰਤੀ ਖੇਡਾਂ ਲਈ ਇੱਕ ਇਤਿਹਾਸਕ ਪਲ ਏ ਜੋ ਪੀੜ੍ਹੀਆਂ ਨੂੰ ਪ੍ਰੇਰਿਤ ਕਰੇਗੀ।

-------------------------------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਸੂਬੇ ਵਿੱਚ ਪੋਸ਼ਣ ਯੋਜਨਾਵਾਂ ਦੀ ਪ੍ਰਭਾਵਸ਼ਾਲੀ ਢੰਗ ਨਾਲ ਨਿਗਰਾਨੀ ਅਤੇ ਲਾਗੂਕਰਨ ਦੇ ਉਦੇਸ਼ ਨਾਲ ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਚੰਡੀਗੜ੍ਹ ਬਾਲ ਮੁਕੰਦ ਸ਼ਰਮਾ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਗਈ। ਮੀਟਿੰਗ ਦੇ ਏਜੰਡੇ ਵਿੱਚ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੁਆਰਾ ਮਿਡ-ਡੇ ਮੀਲ ਦੇ ਸੋਸ਼ਲ ਆਡਿਟ 'ਤੇ ਚਰਚਾ ਸ਼ਾਮਿਲ ਸੀ। ਕਮਿਸ਼ਨ ਵੱਲੋਂ ਵਿੱਤੀ ਸਾਲ 2025-26 ਵਿੱਚ ਅਮਲ ‘ਚ ਲਿਆਂਦੀਆਂ ਜਾਣ ਵਾਲੀਆਂ ਨਵੀਆਂ ਤਜਵੀਜ਼ਾਂ ਦੀ ਸਮੀਖਿਆ ਵੀ ਕੀਤੀ ਗਈ। ਸਮਾਜਿਕ ਸੁਰੱਖਿਆ ਵਿਭਾਗ ਨੂੰ ਹੜ੍ਹ

ਪ੍ਰਭਾਵਿਤ ਖੇਤਰਾਂ ਵਿੱਚ ਆਂਗਣਵਾੜੀ ਕੇਂਦਰਾਂ ਨੂੰ ਹੋਏ ਨੁਕਸਾਨ ਬਾਰੇ ਰਿਪੋਰਟਾਂ ਜਮ੍ਹਾਂ ਕਰਾਉਣ ਲਈ ਕਿਹਾ ਗਿਆ। ਇਸ ਤੋਂ ਇਲਾਵਾ ਸਿੱਖਿਆ ਵਿਭਾਗ ਨੂੰ ਸਕੂਲ ਸਿਹਤ ਪ੍ਰੋਗਰਾਮ ਦਾ ਢੁਕਵਾਂ ਅਧਿਐਨ ਕਰਨ ਦੀ ਬੇਨਤੀ ਕੀਤੀ ਗਈ। ਇਸਦੇ ਨਾਲ ਹੀ ਕਮਿਸ਼ਨ ਨੇ ਹੜ੍ਹ ਪ੍ਰਭਾਵਿਤ ਪਿੰਡਾਂ ਨੂੰ ਤਰਜੀਹ ਦੇਣ ਅਤੇ ਕਣਕ ਦੇ ਬੀਜ, ਡੀ.ਏ.ਪੀ, ਯੂਰੀਆ ਅਤੇ ਹੋਰ ਮਹੱਤਵਪੂਰਨ ਸਮੱਗਰੀ ਦੀ ਸਮੇਂ ਸਿਰ ਸਪਲਾਈ ਯਕੀਨੀ ਬਣਾਉਣ ਸਬੰਧੀ ਖੇਤੀਬਾੜੀ ਵਿਭਾਗ ਨੂੰ ਪੱਤਰ ਲਿਖਣ ਦਾ ਫੈਸਲਾ ਕੀਤਾ।

--------------------------------------------------------------------------------

- ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਨਵੀਂ ਦਿੱਲੀ ਵਿੱਚ ਨਸ਼ਿਆਂ ਵਿਰੋਧੀ ਕਾਰਜ ਬਲ ਦੇ ਦੂਜੇ ਰਾਸ਼ਟਰੀ ਸੰਮੇਲਨ ਦਾ ਕੀਤਾ ਉਦਘਾਟਨ ।
- ਕੇਂਦਰੀ ਰਾਜ ਮੰਤਰੀਆਂ ਡਾ. ਪੇਮਾਸਨੀ ਚੰਦਰ ਸ਼ੇਖਰ ਅਤੇ ਬਾਗੀਰਥ ਚੌਧਰੀ ਨੇ ਕਪੂਰਥਲਾ ਅਤੇ ਤਰਨਤਾਰਨ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਕੀਤਾ ਦੌਰਾ-ਕਿਹਾ ਕੇਂਦਰ ਸਰਕਾਰ ਇਸ ਮੁਸ਼ਕਲ ਸਮੇਂ ਵਿੱਚ ਪੰਜਾਬ ਦੇ ਲੋਕਾਂ ਨਾਲ ਖੜੀ ਏ ।

- ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ ਸਿਨਹਾ ਵੱਲੋਂ, ਡਿਪਟੀ ਕਮਿਸ਼ਨਰਾਂ ਅਤੇ ਨਗਰ ਨਿਗਮ ਕਮਿਸ਼ਨਰਾਂ ਨੂੰ ਆਉਂਦੀ ਜਨਗਣਨਾ ਲਈ ਸੁਚਾਰੂ ਤਿਆਰੀਆਂ ਯਕੀਨੀ ਬਣਾਉਣ ਦੇ ਨਿਰਦੇਸ਼।

- ਪੰਜਾਬ ਪੁਲਿਸ ਨੇ 5-ਜੀ ਟੈਲੀਕਾਮ ਸਬੰਧੀ ਚੋਰੀਆਂ 'ਤੇ ਸਖ਼ਤ ਕਾਰਵਾਈ ਕਰਦਿਆਂ 61 ਵਿਅਕਤੀਆਂ ਨੂੰ ਕੀਤਾ ਗ੍ਰਿਫ਼ਤਾਰ ।
- ਧਰਤੀ 'ਤੇ ਜੀਵਨ ਰੱਖਿਆ ਵਿੱਚ ਓਜ਼ੋਨ ਪਰਤ ਦੀ ਮਹੱਤਵਪੂਰਨ ਭੂਮਿਕਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ, ਅੱਜ ਵਿਸ਼ਵ ਓਜ਼ੋਨ ਦਿਵਸ ਮਨਾਇਆ ਜਾ ਰਿਹਾ ਏ।
- ਪ੍ਰਧਾਨ ਮੰਤਰੀ, ਗ੍ਰਹਿ ਮੰਤਰੀ ਅਤੇ ਰੱਖਿਆ ਮੰਤਰੀ ਨੇ ਆਨੰਦ-ਕੁਮਾਰ ਵੇਲ-ਕੁਮਾਰ ਨੂੰ, ਚੀਨ ਵਿੱਚ ਸਪੀਡ ਸਕੇਟਿੰਗ ਵਿਸ਼ਵ ਚੈਂਪੀਅਨਸ਼ਿਪ 2025 ਵਿੱਚ, ਸੀਨੀਅਰ ਮਰਦਾਂ ਦੀ 1000 ਮੀਟਰ ਸਪ੍ਰਿੰਟ ਈਵੈਂਟ ਵਿੱਚ ਸੋਨੇ ਦਾ ਤਮਗਾ ਜਿੱਤਣ ਲਈ ਵਧਾਈ ਦਿੱਤੀ।

-----------------------------------------------------------------

ਇਸਦੇ ਨਾਲ  ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ  ਅਗਲਾ  ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ  'ਤੇ ਨਮਸਕਾਰ  !